# ਫੋਰਟਸਕਿਊ ਮੈਟਲਜ਼ ਗਰੁੱਪ ਅਤੇ ਫੋਰਟਸਕਿਊ ਫਿਊਚਰ ਇੰਡਸਟਰੀਜ਼ ਦੇ ਕਾਰਜਕਾਰੀ ਚੇਅਰਮੈਨ ਅਤੇ ਸੰਸਥਾਪਕ ਡਾ. ਐਂਡਰਿਊ ਫੋਰੈਸਟ ਨਾਲ ਪ੍ਰਧਾਨ ਮੰਤਰੀ ਦੀ ਮੁਲਾਕਾਤ

23 ਮਈ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 23 ਮਈ 2023 ਨੂੰ ਸਿਡਨੀ, ਆਸਟ੍ਰੇਲੀਆ ਵਿਖੇ ਪ੍ਰਮੁੱਖ ਆਸਟ੍ਰੇਲੀਆਈ ਉਦਯੋਗਪਤੀ ਡਾ. ਐਂਡਰਿਊ ਫੋਰੈਸਟ, ਫੋਰਟਸਕਿਊ ਮੈਟਲਜ਼ ਗਰੁੱਪ ਅਤੇ ਫੋਰਟਸਕਿਊ ਫਿਊਚਰ ਇੰਡਸਟਰੀਜ਼ ਦੇ ਕਾਰਜਕਾਰੀ ਚੇਅਰਮੈਨ ਅਤੇ ਸੰਸਥਾਪਕ ਨਾਲ ਮੁਲਾਕਾਤ ਕੀਤੀ।

2. ਪ੍ਰਧਾਨ ਮੰਤਰੀ ਨੇ ਗ੍ਰੀਨ ਹਾਈਡ੍ਰੋਜਨ ਦੇ ਖੇਤਰ ਵਿੱਚ ਭਾਰਤੀ ਕੰਪਨੀਆਂ ਨਾਲ ਮਿਲ ਕੇ ਕੰਮ ਕਰਨ ਲਈ ਫੋਰਟਸਕਿਊ ਗਰੁੱਪ ਦੀਆਂ ਯੋਜਨਾਵਾਂ ਦਾ ਸੁਆਗਤ ਕੀਤਾ। ਭਾਰਤ ਦੀਆਂ ਆਕਾਂਖਿਆਵਾਨ ਨਵਿਆਉਣਯੋਗ ਊਰਜਾ ਯੋਜਨਾਵਾਂ 'ਤੇ ਜ਼ੋਰ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਭਾਰਤ ਦੁਆਰਾ ਕੀਤੇ ਜਾ ਰਹੇ ਪਰਿਵਰਤਨਸ਼ੀਲ ਸੁਧਾਰਾਂ ਅਤੇ ਪਹਿਲਕਦਮੀਆਂ ਨੂੰ ਉਜਾਗਰ ਕੀਤਾ ਜਿਵੇਂ ਕਿ ਗ੍ਰੀਨ ਹਾਈਡ੍ਰੋਜਨ ਮਿਸ਼ਨ।

3. ਡਾ. ਫੋਰੈਸਟ ਨੇ ਪ੍ਰਧਾਨ ਮੰਤਰੀ ਨੂੰ ਭਾਰਤ ਵਿੱਚ ਫੋਰਟਸਕਿਊ ਫਿਊਚਰ ਇੰਡਸਟਰੀਜ਼ ਦੀਆਂ ਯੋਜਨਾਵਾਂ ਅਤੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ।

**ਸਿਡਨੀ**

**23 ਮਈ, 2023**